# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :13-12-2025**

ਅੱਜ ਦੇਸ਼ ਸੰਸਦ ਦਹਿਸ਼ਤਗਰਦੀ ਹਮਲੇ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇ ਰਿਹਾ ਏ । ਇਸ ਦਿਨ, 13 ਦਸੰਬਰ, 2001 ਨੂੰ, ਸੁਰੱਖਿਆ ਕਰਮਚਾਰੀਆਂ ਨੇ ਸੰਸਦ ਦੀ ਰੱਖਿਆ ਕਰਦੇ ਹੋਏ ਸਰਵਉੱਚ ਕੁਰਬਾਨੀ ਦਿੱਤੀ । ਉਪ ਰਾਸ਼ਟਰਪਤੀ ਅਤੇ ਰਾਜ ਸਭਾ ਚੇਅਰਮੈਨ ਸੀ.ਪੀ. ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ  ਮੋਦੀ, ਅਤੇ ਕੇਂਦਰੀ ਮੰਤਰੀ ਪਿਊਸ਼ ਗੋਇਲ, ਜਤਿੰਦਰ ਸਿੰਘ, ਕਿਰੇਨ ਰਿਜੀਜੂ ਅਤੇ ਅਰਜੁਨ ਰਾਮ ਮੇਘਵਾਲ ਨੇ ਸੰਸਦ ਭਵਨ ਵਿਖੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ, ਸੀਨੀਅਰ ਕਾਂਗਰਸ ਨੇਤਾ ਸੋਨੀਆ ਗਾਂਧੀ

ਅਤੇ ਹੋਰ ਸੰਸਦ ਮੈਂਬਰਾਂ ਨੇ ਵੀ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ।

---------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਸੰਸਦ ਹਮਲੇ ਦੇ ਬਹਾਦਰ ਸੁਰੱਖਿਆ ਕਰਮਚਾਰੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਰਾਸ਼ਟਰ ਇਨ੍ਹਾਂ ਨਾਇਕਾਂ ਦੀ ਹਿੰਮਤ, ਬਹਾਦਰੀ ਅਤੇ ਕੁਰਬਾਨੀ ਨੂੰ ਸਲਾਮ ਕਰਦਾ ਏ  ਜਿਨ੍ਹਾਂ ਦਾ ਡਿਊਟੀ ਪ੍ਰਤੀ ਸਮਰਪਣ ਹਮੇਸ਼ਾ ਭਾਰਤ ਦੀ ਰਾਸ਼ਟਰੀ ਭਾਵਨਾ ਦਾ ਮਾਰਗਦਰਸ਼ਨ ਕਰਦਾ ਰਹੇਗਾ । ਉਨ੍ਹਾਂ ਕਿਹਾ ਕਿ ਦੇਸ਼, ਸ਼ਹੀਦਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦਾ ਹਮੇਸ਼ਾ ਰਿਣੀ ਰਹੇਗਾ। ਰਾਸ਼ਟਰਪਤੀ ਨੇ ਦਹਿਸ਼ਤਗਰਦੀ  ਦੇ ਹਰ ਰੂਪ ਨਾਲ ਲੜਨ ਲਈ ਭਾਰਤ ਦੇ ਦ੍ਰਿੜ ਇਰਾਦੇ ਨੂੰ ਵੀ ਦੁਹਰਾਇਆ।

---------------------------------------------

ਗ੍ਰਿਹ ਮੰਤਰੀ ਅਮਿਤ ਸ਼ਾਹ, ਰੱਖਿਆ ਮੰਤਰੀ ਰਾਜਨਾਥ

ਸਿੰਘ, ਵਿਦੇਸ਼ ਮੰਤਰੀ ਸੁਬ੍ਰਹਮਣੀਅਮ ਜੈਸ਼ੰਕਰ, ਅਤੇ ਸੂਚਨਾ ਅਤੇ ਪ੍ਰਸਾਰਣ ਰਾਜ ਮੰਤਰੀ ਐਲ. ਮੁਰੂਗਨ ਨੇ 2001 ਦੇ ਸੰਸਦ ਹਮਲੇ ਵਿੱਚ ਸ਼ਹੀਦ ਹੋਏ ਬਹਾਦਰ ਸੁਰੱਖਿਆ ਕਰਮਚਾਰੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ। ਅਮਿਤ ਸ਼ਾਹ ਨੇ ਉਸ ਸਮੇਂ ਸੁਰੱਖਿਆ ਬਲਾਂ ਦੀ ਅਦੁੱਤੀ ਹਿੰਮਤ ਅਤੇ ਬਹਾਦਰੀ ਨੂੰ ਯਾਦ ਕਰਦਿਆਂ ਕਿਹਾ ਕਿ ਰਾਸ਼ਟਰ ਉਨ੍ਹਾਂ ਦੀ ਕੁਰਬਾਨੀ ਨੂੰ ਹਮੇਸ਼ਾ ਯਾਦ ਰੱਖੇਗਾ।

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਕਿ ਸੰਸਦ 'ਤੇ ਕਾਇਰਾਨਾ ਦਹਿਸ਼ਤਗਰਦੀ ਹਮਲੇ ਦੌਰਾਨ ਬਹਾਦਰ ਸੁਰੱਖਿਆ ਬਲਾਂ ਨੇ ਇੱਕ ਅਟੁੱਟ ਸੁਰੱਖਿਆ ਢਾਲ ਪ੍ਰਦਾਨ ਕੀਤੀ ਸੀ। ਵਿਦੇਸ਼ ਮੰਤਰੀ ਡਾ. ਜੈਸ਼ੰਕਰ ਨੇ ਕਿਹਾ ਕਿ ਉਨ੍ਹਾਂ ਦੀ ਅਦੁੱਤੀ ਹਿੰਮਤ ਨੇ ਦਹਿਸ਼ਤਗਰਦੀ ਨੂੰ ਉਸਦੇ ਸਾਰੇ ਰੂਪਾਂ ਵਿੱਚ ਜੜ੍ਹੋਂ ਪੁੱਟਣ ਦੀ ਰਾਸ਼ਟਰ ਦੀ ਵਚਨਬੱਧਤਾ ਨੂੰ ਮਜ਼ਬੂਤ ਕੀਤਾ ਏ । ਡਾ. ਮੁਰੂਗਨ ਨੇ ਕਿਹਾ ਕਿ ਸੁਰੱਖਿਆ

ਬਲਾਂ ਦੀ ਸਰਵਉੱਚ ਕੁਰਬਾਨੀ ਨੇ ਦੇਸ਼ ਦੇ ਲੋਕਤੰਤਰ ਅਤੇ ਪ੍ਰਭੂਸੱਤਾ ਦੀ ਰੱਖਿਆ ਕੀਤੀ।

---------------------------------------------------------

ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿਚ ਅੱਜ 73ਵੇਂ ਡਿਗਰੀ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ । ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼, ਚੰਡੀਗੜ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਸਮਾਰੋਹ ਦੀ ਪ੍ਰਧਾਨਗੀ ਕਰਨਗੇ। ਇਸ ਮੌਕੇ ਕੁੱਲ ਚਾਰ ਆਨਰੇਰੀਜ਼ ਕਾਸਾ ਡਿਗਰੀਆਂ ਅਤੇ ਚਾਰ ਪੀਯੂ ਰਤਨ ਪੁਰਸਕਾਰ ਪ੍ਰਦਾਨ ਕੀਤੇ ਗਏ । 347 ਖੋਜਾਰਥੀਆਂ ਨੂੰ ਪੀ.ਐਚ.ਡੀ. ਡਿਗਰੀਆਂ, 420 ਅੰਡਰ-ਗ੍ਰੈਜੁਏਟ ਅਤੇ ਪੋਸਟ ਗ੍ਰੈਜੂਏਟ ਟਾਪਰਾਂ ਨੂੰ ਗੋਲਡ ਮੈਡਲ ਅਤੇ ਸਰਟੀਫਿਕੇਟ ਦਿੱਤੇ ਗਏ । ਪੰਜਾਬ ਯੂਨੀਵਰਸਿ ਦੀ ਉਪ ਕੁਲਪਤੀ ਪ੍ਰੋ. ਰੇਨੂੰ ਵਿਗ ਨੇ ਯੂਨੀਵਰਸਿਟੀ ਦੀਆਂ ਪ੍ਰਾਪਤੀਆਂ ਤੇ ਚਾਨਣਾ ਪਾਇਆ ।

ਸਮਾਰੋਹ ਵਿਚ ਉਪ ਰਾਸ਼ਟਰਪਤੀ ਅਤੇ ਪੰਜਾਬ ਯੂਨੀਵਰਸਿ ਦੇ ਕੁਲਪਤੀ CP ਰਾਧਾਕ੍ਰਿਸ਼ਸ਼ਨ ਨੇ ਇੱਕ ਵੀਡੀਓ ਸੁਨੇਹੇ ਰਾਹੀਂ ਸੰਬੋਧਨ ਕੀਤਾ। ਇਸ ਮੌਕੇ ਰਾਜਪਾਲ ਨੇ ਡਿਗਰੀਆਂ ਪ੍ਰਪਤ ਕਾਰਨ ਵਾਲਿਆਂ ਨੂੰ ਵਧਾਈ ਦਿੰਦਿਆਂ ਸਮਾਜ ਲਈ ਕਾਮ ਕਰਨ ਦਾ ਸੱਦਾ ਦਿੱਤਾ।

BYTE

---------------------------------------------

ਚੋਣ ਕਮਿਸ਼ਨ ਪੰਜਾਬ ਵਿੱਚ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਕੱਲ 14 ਦਸੰਬਰ ਨੂੰ ਹੋਣ ਜਾ ਰਹੀਆਂ ਚੋਣਾਂ ਨੂੰ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਏ। ਇਸ ਸਬੰਧੀ ਕਮਿਸ਼ਨ ਵੱਲੋਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ। ਕਮਿਸ਼ਨ ਵੱਲੋਂ ਚੋਣ ਲੜ ਰਹੇ ਉਮੀਦਵਾਰਾਂ ਅਤੇ ਆਮ ਜਨਤਾ ਨੂੰ ਸੂਚਿਤ ਕੀਤਾ ਗਿਆ ਏ ਕਿ ਕਮਿਸ਼ਨ ਵੱਲੋਂ ਸਾਰੇ ਜ਼ਿਲ੍ਹਿਆਂ ਵਿੱਚ ਆਈ.ਏ.ਐੱਸ.ਤੇ ਸੀਨੀਅਰ ਪੀ.ਸੀ.ਐੱਸ.

ਅਧਿਕਾਰੀਆਂ ਨੂੰ ਬਤੌਰ "ਚੋਣ ਅਬਜ਼ਬਰ" ਨਿਯੁਕਤ ਕੀਤਾ ਗਿਆ ਏ , ਜੋ ਕਿ ਚੋਣ ਅਮਲ ਮੁਕੰਮਲ ਹੋਣ ਤੱਕ ਆਪੋ - ਆਪਣੇ ਜ਼ਿਲ੍ਹੇ ਵਿੱਚ ਮੌਜੂਦ ਰਹਿਣਗੇ ਅਤੇ ਲੋੜ ਮੁਤਾਬਿਕ ਰਾਜ ਚੋਣ ਕਮਿਸ਼ਨ ਨੂੰ ਇਹਨਾਂ ਚੋਣਾਂ ਸਬੰਧੀ ਸੂਚਿਤ ਕਰਦੇ ਰਹਿਣਗੇ। ਇਹਨਾਂ ਨਿਯੁਕਤ ਕੀਤੇ ਚੋਣ ਅਬਜ਼ਰਬਰਾਂ ਦੇ ਵੇਰਵੇ ਚੋਣ ਕਮਿਸ਼ਨ ਦੀ ਵੈਬਸਾਈਟ - sec.punjab.gov.in ਤੇ ਉਪਲੱਬਧ ਹਨ। ਜੇਕਰ ਉਮੀਦਵਾਰ ਨੂੰ ਜ਼ਰੂਰਤ ਮਹਿਸੂਸ ਹੋਵੇ ਤਾਂ ਉਹ ਉਹਨਾਂ ਨਾਲ ਰਾਬਤਾ ਕਾਇਮ ਕਰ ਸਕਦਾ ਏ ।

---------------------------------------------------

ਇਸੇ ਦੌਰਾਨ ਪੰਜਾਬ ਪੁਲੀਸ ਮੁਲਾਜ਼ਮਾਂ ਨੂੰ ਹੋਰ ਚੌਕਸੀ ਨਾਲ ਆਪਣੀ ਡਿਊਟੀ ਨਿਭਾਉਣ ਦੇ ਨਿਰਦੇਸ਼ ਦਿੱਤੇ ਗਏ ਨੇ । ਮਾਨਸਾ ਦੇ ਐਸ.ਐਸ.ਪੀ ਭਾਗੀਰਥ ਸਿੰਘ ਮੀਨਾ ਨੇ ਦੱਸਿਆ ਕਿ ਚੋਣਾਂ ਦੌਰਾਨ ਜ਼ਿਲ੍ਹੇ ਵਿਚ ਕਿਸੇ ਵੀ ਕਿਸਮ ਦੀ ਨਸ਼ੇ ਦੀ ਤਸ਼ਕਰੀ ਰੋਕਣ ਲਈ ਕੋਈ ਕਮੀ ਨਹੀਂ ਰਹਿਣ

ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ  ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਚੋਣਾਂ ਦੌਰਾਨ ਜ਼ਿਲ੍ਹਾ ਪ੍ਰਸਾਸ਼ਨ ਵਲੋਂ ਵੋਟਰਾਂ ਨੂੰ ਸੁਰੱਖਿਅਤ ਮਾਹੌਲ ਪ੍ਰਦਾਨ ਕੀਤਾ ਜਾਵੇਗਾ, ਇਸ ਲਈ ਉਹ ਬਿਨ੍ਹਾਂ ਕਿਸੇ ਲਾਲਚ ਅਤੇ ਭੈਅ ਦੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ। ਓਧਰ ਸੂਬੇ ਭਰ ਵਿਚ ਕੱਲ ਨੂੰ ਹੋਣ ਵਾਲੀਆਂ ਚੋਣਾਂ ਨੂੰ ਲੈ ਕੇ ਅੱਜ ਪੋਲਿੰਗ ਪਾਰਟੀਆਂ ਰਵਾਨਾ ਕੀਤਾ ਜਾ ਰਿਹਾ ਏ । ਬਟਾਲਾ ਤੋਂ ਐਸ.ਡੀ.ਐਮ ਗੁਰਮਿੰਦਰ ਸਿੰਘ ਨੇ ਦਸਿਆ ।

BYTE

ਇਸੇ ਤਰਾਂ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਦੀ ਚੋਣ ਅਬਜ਼ਰਵਰ ਅਮ੍ਰਿਤ ਸਿੰਘ ਨੇ ਖੂਨੀ ਮਾਜਰਾ ਪਿੰਡ ਸਥਿਤ ਸਰਕਾਰੀ ਪੋਲੀਟੈਕਨਿਕ ਵਿਖੇ ਚੋਣ ਸਮਗਰੀ ਵੰਡੇ ਜਾਣ ਮੌਕੇ ਚੋਣ ਤਿਆਰੀਆਂ ਦੀ ਸਮੀਖਿਆ ਕੀਤੀ। ਜਲੰਧਰ ਦੇ ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਨੇ ਚੋਣ ਅਮਲੇ ਨੂੰ ਹਦਾਇਤ ਕੀਤੀ ਕਿ ਚੋਣ ਡਿਊਟੀ ਵਿੱਚ ਕਿਸੇ ਵੀ

ਪ੍ਰਕਾਰ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ । ਉਨ੍ਹਾਂ ਇਹ ਵੀ ਕਿਹਾ ਕਿ ਚੋਣ ਡਿਊਟੀ ਤੋਂ ਗੈਰ ਹਾਜ਼ਰ ਰਹਿਣ ਵਾਲੇ ਕਰਮਚਾਰੀਆਂ ਖਿਲਾਫ਼ ਰਾਜ ਚੋਣ ਕਮਿਸ਼ਨ ਵਲੋਂ ਜਾਰੀ ਹਦਾਇਤਾਂ ਅਨੁਸਾਰ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

--------------------------------------------------------------------------------